# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :27-10-2025**

## <u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ</u>

- ਸੁਪਰੀਮ ਕੋਰਟ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਡਿਜੀਟਲ ਗ੍ਰਿਫ਼ਤਾਰੀ ਮਾਮਲਿਆਂ ਵਿੱਚ ਦਰਜ FIRs ਬਾਰੇ ਵੇਰਵੇ ਮੰਗੇ ਨੇ.
- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤੀ ਖੇਤੀਬਾੜੀ ਖੋਜ ਕੌਂਸਲ, ਨੂੰ ਖੇਤੀਬਾੜੀ ਸਿੱਖਿਆ ਵਿੱਚ ਸੁਧਾਰ ਲਈ ਸਾਰੀਆਂ ਖਾਲੀ ਅਸਾਮੀਆਂ ਤੁਰੰਤ ਭਰਨ ਲਈ ਕਿਹਾ।
- ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਧਿਕਾਰੀ ਨੇ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ .
- ਫ਼ੌਜ ਅੱਜ ਆਪਣਾ 79ਵਾਂ INFANTRY ਦਿਵਸ ਮਨਾ ਰਹੀ ਏ ।
- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਪੰਜਵੇਂ ਦਿਨ ਅੱਜ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੁਕਾਬਲਾ

Indian ਏਅਰ ਫੋਰਸ ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਦਿੱਲੀ ਨਾਲ ਹੋ ਰਿਹਾ ਏ।

## ਹੁਣ ਖਬਰਾਂ ਵਿਸਥਾਰ ਨਾਲ

ਸੁਪਰੀਮ ਕੋਰਟ ਨੇ ਅੱਜ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਨੂੰ ਨੋਟਿਸ ਜਾਰੀ ਕਰਕੇ ਡਿਜੀਟਲ ARREST ਘੁਟਾਲਿਆਂ ਦੇ ਸਬੰਧ ਵਿੱਚ ਦਰਜ FIRs ਦੇ ਵੇਰਵੇ ਮੰਗੇ ਨੇ. ਦੇਸ਼ ਵਿੱਚ ਵੱਧ ਰਹੇ ਡਿਜੀਟਲ ARREST ਘੁਟਾਲਿਆਂ, ਜਿਨ੍ਹਾਂ ਵਿੱਚ ਲੋਕਾਂ ਨੂੰ ਧੋਖਾਧੜੀ ਕਰਨ ਵਾਲਿਆਂ ਹਥੋਂ ਲੱਖਾਂ ਰੁਪਏ ਦਾ ਨੁਕਸਾਨ ਹੋ ਰਿਹਾ ਏ, ਨੂੰ ਦੇਖਦੇ ਹੋਏ, ਸੁਪਰੀਮ ਕੋਰਟ ਨੇ ਸਾਰੇ ਮਾਮਲਿਆਂ ਦੀ ਜਾਂਚ ਕੇਂਦਰੀ ਜਾਂਚ ਬਿਊਰੋ (CBI) ਨੂੰ ਸੌਂਪਣ 'ਤੇ ਵੀ ਵਿਚਾਰ ਕੀਤਾ। ਸਰ੍ਵਉਚ ਅਦਾਲਤ ਨੇ CBI ਨੂੰ ਜਵਾਬ ਦੇਣ ਲਈ ਕਿਹਾ ਕਿ ਕੀ ਉਸ ਕੋਲ ਅਜਿਹੇ ਘੁਟਾਲਿਆਂ ਨਾਲ ਸਬੰਧਤ ਦੇਸ਼ ਭਰ ਦੇ ਸਾਰੇ ਮਾਮਲਿਆਂ ਨਾਲ ਨਜਿਠਣ ਲਈ ਵਸੀਲੇ ਮੌਜੂਦ ਨੇ ਜਾਂ ਨਹੀਂ. ਅਦਾਲਤ ਦੇਸ਼ ਭਰ ਵਿੱਚ ਡਿਜੀਟਲ ARREST ਘੁਟਾਲਿਆਂ ਦੇ ਵਧ ਰਹੇ ਖ਼ਤਰੇ ਨੂੰ ਹੱਲ ਕਰਨ ਲਈ ਆਪਣੇ ਤੌਰ ‘ਤੇ ਧਿਆਨ ‘ਚ ਲਏ ਗਏ ਇੱਕ ਕੇਸ ਨੂੰ 17 ਅਕਤੂਬਰ ਨੂੰ ਸ਼ੁਰੂ ਕਰਦਿਆਂ ਇਸਦੀ ਸੁਣਵਾਈ ਕਰ ਰਹੀ ਸੀ।

---------------------------------------------------

ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤੀ ਖੇਤੀਬਾੜੀ ਖੋਜ ਕੌਂਸਲ, ICAR ਨੂੰ ਖੇਤੀਬਾੜੀ ਸਿੱਖਿਆ ਵਿੱਚ ਸੁਧਾਰ ਲਈ ਸਾਰੀਆਂ ਖਾਲੀ ਅਸਾਮੀਆਂ ਤੁਰੰਤ ਭਰਨ ਲਈ ਕਿਹਾ ਏ । ਮੰਤਰੀ ਨੇ ਇਹ ਟਿੱਪਣੀਆਂ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰੀ ਖੇਤੀਬਾੜੀ ਵਿਦਿਆਰਥੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤੀਆਂ। ਸ੍ਰੀ ਚੌਹਾਨ ਨੇ ਕਿਹਾ ਕਿ ਉਹ ਸਾਰੇ ਰਾਜਾਂ ਦੇ ਮੁੱਖ ਮੰਤਰੀਆਂ ਨੂੰ ਪੱਤਰ ਭੇਜਣਗੇ ਅਤੇ ਉਨ੍ਹਾਂ ਦੇ ਖੇਤੀਬਾੜੀ ਮੰਤਰੀਆਂ ਨਾਲ ਸੁਚਾਰੂ ਖੇਤੀਬਾੜੀ ਸਿੱਖਿਆ ਅਤੇ ਸਾਰੀਆਂ ਖਾਲੀ ਅਸਾਮੀਆਂ ਨੂੰ ਜਲਦੀ ਭਰਨ ਨੂੰ ਯਕੀਨੀ ਬਣਾਉਣ ਲਈ ਵਿਚਾਰ-ਵਟਾਂਦਰਾ ਕਰਨਗੇ। ਉਨ੍ਹਾਂ ਨੇ ਨਵੀਂ ਸਿੱਖਿਆ ਨੀਤੀ ਮੁਤਾਬਿਕ ਮਿਆਰੀ ਖੇਤੀਬਾੜੀ ਸਿੱਖਿਆ ਪ੍ਰਦਾਨ ਕਰਨ ਦੀ ਮਹੱਤਤਾ 'ਤੇ ਚਾਨਣਾ ਪਾਇਆ। ਮੰਤਰੀ ਨੇ ਇਹ ਵੀ ਕਿਹਾ ਕਿ ਕਿਸਾਨ ਅਤੇ ਖੇਤੀਬਾੜੀ ਵਿੱਚ ਦੇਸ਼ ਨੂੰ ਬਦਲਣ ਦੀ ਸ਼ਕਤੀ ਏ

------------------------------------------------------------

ਤਰਨ ਤਾਰਨ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਸ੍ਰੀ ਰਾਹੁਲ, ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਜ਼ਿਮਨੀ ਚੋਣ ਲਈ ਗਠਿਤ ਵੱਖ-ਵੱਖ ਟੀਮਾਂ ਦੇ ਨੋਡਲ ਅਫਸਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਰਾਹੁਲ ਨੇ ਅਧਿਕਾਰੀਆਂ ਨੂੰ ਕਿਹਾ

ਕਿ ਚੋਣ ਕਮਿਸ਼ਨ ਵੱਲੋਂ ਜ਼ਿਮਨੀ ਚੋਣ ਸਬੰਧੀ ਜਾਰੀ ਪ੍ਰੋਗਰਾਮ ਮੁਤਾਬਿਕ ਸਮਾਂ ਰਹਿੰਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਜਾਣ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਵਿੱਚ ਕੁੱਲ 1 ਲਖ 93 ਹਜ਼ਾਰ 742 ਵੋਟਰ ਨੇ. ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਤਰਨ ਤਾਰਨ ਵਿੱਚ 114 ਥਾਵਾਂ ‘ਤੇ 222 ਵੋਟ ਕੇਂਦਰ ਬਣਾਏ ਗਏ ਨੇ. ਇਨ੍ਹਾਂ ਵਿਚੋਂ 4 ਆਦਰਸ਼ ਵੋਟ ਕੇਂਦਰ, 3 ਪੂਰੇ ਔਰਤ ਅਮਲੇ ਵਾਲੇ ਵੋਟ ਕੇਂਦਰ ਅਤੇ 1 ਪੀ.ਡਬਲਿਊ.ਡੀ. ਵੋਟ ਕੇਂਦਰ ਬਣਾਏ ਗਏ ਨੇ.ਜ਼ਿਲ੍ਹਾ ਚੋਣ ਅਧਿਕਾਰੀ ਨੇ ਕਿਹਾ ਕਿ ਵੋਟ ਕੇਂਦਰਾਂ, ਗਿਣਤੀ ਹਾਲ ਅਤੇ ਸਟਰਾਂਗ ਰੂਮ ਵਿੱਚ ਢੁਕਵੇਂ ਪ੍ਰਬੰਧ ਤੇ ਸੁਰੱਖਿਆ ਯਕੀਨੀ ਬਣਾਈ ਗਈ ਏ । ਇਸ ਤੋਂ ਇਲਾਵਾ ਵੋਟਰਾਂ ਦੀ ਸਹੂਲਤ ਲਈ ਵੋਟ ਕੇਂਦਰਾਂ `ਤੇ ਪੀਣ ਵਾਲੇ ਪਾਣੀ, ਵੇਟਿੰਗ ਏਰੀਆ, ਪਖਾਨਿਆਂ ਅਤੇ ਦਿਵਿਆਂਗ ਵੋਟਰਾਂ ਲਈ ਵਹੀਲ ਚੇਅਰਾਂ ਆਦਿ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਏ । ਉਨ੍ਹਾਂ ਕਿਹਾ ਕਿ ਸੀਸੀਟੀਵੀ ਕੈਮਰੇ ਲਗਾ ਕੇ 100 ਫ਼ੀਸਦੀ ਵੈੱਬ ਕਾਸਟਿੰਗ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਚੋਣ ਜ਼ਾਬਤੇ ਦੀ ਉਲੰਘਣਾ ਦੀਆਂ ਸ਼ਿਕਾਇਤਾਂ ਲਈ ਜ਼ਿਲ੍ਹਾ ਪੱਧਰ `ਤੇ ਇੱਕ ਸ਼ਿਕਾਇਤ ਸੈੱਲ ਗਠਿਤ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਤਰਨ ਤਾਰਨ ਸੀਟ ਦਾ ਇਲਾਕਾ ਕੌਮਾਂਤਰੀ ਸਰਹੱਦੀ ਨਾਲ ਲੱਗਦੇ ਹੋਣ ਕਰਕੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੇਰੇ ਚੌਕਸੀ ਵਰਤੀ ਜਾ ਰਹੀ ਏ ।

---

ਫ਼ੌਜ ਅੱਜ ਆਪਣਾ 79ਵਾਂ INFANTRY ਭਾਵ ਪੈਦਲ ਸੇਨਾ ਦਿਵਸ ਮਨਾ ਰਹੀ ਏ । ਇਹ ਦਿਨ ਆਜ਼ਾਦ ਭਾਰਤ ਦੀ ਪਹਿਲੀ ਫੌਜੀ ਘਟਨਾ ਦੀ ਯਾਦ ਦਿਵਾਉਂਦਾ ਏ, ਜਦੋਂ ਭਾਰਤੀ ਫੌਜ ਨੇ 27 ਅਕਤੂਬਰ, 1947 ਨੂੰ ਕਸ਼ਮੀਰ ਵਾਦੀ ਵਿੱਚ ਹੋਏ ਪਹਿਲੇ ਹਮਲੇ ਨੂੰ ਨਾਕਾਮ ਕਰ ਦਿੱਤਾ ਸੀ।INFANTARY DIVISION ਇਸ ਦਿਨ ਨੂੰ ਸ਼ੌਰਯ ਦਿਵਸ ਵਜੋਂ ਮਨਾਉਂਦਾ ਏ. ਇੱਕ ਰਿਪੋਰਟ –

ਅੱਜ ਦੇ ਹੀ ਦਿਨ , ਭਾਰਤੀ ਫੌਜ ਦੀ ਸਿੱਖ ਰੈਜੀਮੈਂਟ ਦੀ ਪਹਿਲੀ ਬਟਾਲੀਅਨ ਨੇ ਦੇਸ਼ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਲਈ ਪੈਦਾ ਹੋਏ ਖ਼ਤਰੇ ਨੂੰ ਬੇਅਸਰ ਕਰਨ ਲਈ ਸ੍ਰੀਨਗਰ ਵਿਖੇ ਮੋਰਚਾ ਸੰਭਾਲਿਆ ਸੀ । ਭਾਰਤੀ ਫੌਜ ਦੀ ਇੰਫੈਂਟਰੀ division ਦੀ ਇਸ ਦਲੇਰਾਨਾ ਕਾਰਵਾਈ ਨੇ ਪਾਕਿਸਤਾਨ ਦੇ ਨਾਪਾਕ ਮਨਸੂਬਿਆਂ ਨੂੰ ਨਾਕਾਮ ਕਰ ਦਿੱਤਾ। ਇਨਫੈਂਟਰੀ ਦੀ ਇਸ ਬੇਮਿਸਾਲ ਹਿੰਮਤ, ਬਹਾਦਰੀ ਅਤੇ ਨਿਰਸਵਾਰਥ ਸੇਵਾ ਨੂੰ ਮਨਾਉਣ ਲਯੀ ਪੱਛਮੀ ਕਮਾਂਡ ਨੇ ਚੰਡੀਮੰਦਰ ਵਿਖੇ ਵੀਰ ਯੋਧਿਆਂ ਦੀ ਯਾਦ ਵਿਚ ਯੁੱਧ ਸਮਾਰਕ 'ਤੇ ਫੁੱਲਮਾਲਾ ਭੇਟ ਕਰਕੇ ਰਾਸ਼ਟਰ ਦੀ ਸੇਵਾ ਵਿੱਚ ਸਰਵਉੱਚ ਕੁਰਬਾਨੀ ਦੇਣ ਵਾਲੇ ਇਹਨਾਂ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਭਾਰਤੀ ਫੌਜ ਦੇ ਮੁਖੀ, ਜਨਰਲ ਉਪੇਂਦਰ ਦਿਵੇਦੀ ਨੇ ਇਸ ਮੌਕੇ 'ਤੇ ਪੈਦਲ ਫੌਜ ਦੇ ਸਾਰੇ ਅਧਿਕਾਰੀਆਂ ਅਤੇ ਜਵਾਨਾਂ, ਸਾਬਕਾ ਸੈਨਿਕਾਂ ਅਤੇ ਪਰਿਵਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਹਨ। ਇਨਫੈਂਟਰੀ ਦੇ ਡਾਇਰੈਕਟਰ ਜਨਰਲ, ਲੈਫਟੀਨੈਂਟ ਜਨਰਲ ਅਜੈ ਕੁਮਾਰ ਨੇ ਵੀ ਪੈਦਲ ਫੌਜੀ ਦਲ ਦੇ ਸਾਰੇ ਸਾਬਕਾ ਸੈਨਿਕਾਂ ਅਤੇ ਸੇਵਾ ਕਰ ਰਹੇ ਫੌਜੀਆਂ ਨੂੰ ਆਪਣੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ।

---

ਲੋਕ-ਆਸਥਾ ਦੇ ਮਹਾਨ ਤਿਉਹਾਰ ਛੱਠ ਦਾ ਅੱਜ ਤੀਜਾ ਦਿਨ ਏ. ਖਰਨਾ ਤੋਂ ਬਾਅਦ ਕੱਲ੍ਹ ਸ਼ਾਮ ਤੋਂ ਸ਼ੁਰੂ ਹੋਏ ਬਿਨਾ ਪਾਣੀ ਦੇ ਵਰਤ'ਚ

ਸ਼ਰਧਾਲੂ ਡੁੱਬਦੇ ਸੂਰਜ ਨੂੰ ਅਰਘ ਭੇਂਟ ਕਰ ਰਹੇ ਨੇ. ਚਾਰ ਦਿਨਾਂ ਦੀ ਇਹ ਪਵਿੱਤਰ ਰਸਮ ਕੱਲ੍ਹ ਚੜ੍ਹਦੇ ਸੂਰਜ ਨੂੰ ਅਰਘ ਭੇਂਟ ਕਰਨ ਨਾਲ ਸੰਪੂਰਨ ਹੋਵੇਗੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਛੱਠ ਪੂਜਾ ਸੰਧਿਆ ਅਰਘਯ ਦੇ ਮੌਕੇ 'ਤੇ ਦੇਸ਼ ਭਰ ਦੇ ਸ਼ਰਧਾਲੂਆਂ ਨੂੰ ਵਧਾਈਆਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਡੁੱਬਦੇ ਸੂਰਜ ਨੂੰ ਅਰਘਯ ਚੜ੍ਹਾਉਣ ਦੀ ਰਵਾਇਤ ਬਾਰੇ ਗੱਲ ਕੀਤੀ ਤੇ, ਇਸਨੂੰ ਵਿਲੱਖਣ ਦੱਸਿਆ। ਪ੍ਰਧਾਨ ਮੰਤਰੀ ਨੇ ਸਾਰਿਆਂ ਦੀ ਭਲਾਈ ਲਈ ਪ੍ਰਾਰਥਨਾ ਕੀਤੀ ਅਤੇ ਸਾਰਿਆਂ ਦੇ ਜੀਵਨ ਵਿੱਚ ਖੁਸ਼ੀ, ਖੁਸ਼ਹਾਲੀ ਅਤੇ ਸਫਲਤਾ ਲਈ ਭਗਵਾਨ ਸੂਰਜ ਦਾ ਆਸ਼ੀਰਵਾਦ ਮੰਗਿਆ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਅੱਜ ਅਸੀਂ ਗੱਲ ਕਰਾਂਗੇ ਕਿ ਕਿਵੇਂ ਇਹ ਨਵੇਂ GST ਸੁਧਾਰ, ਪੰਜਾਬ ਦੇ ਵੱਖ-ਵੱਖ ਵਰਗਾਂ ਨੂੰ ਲਾਭ ਪਹੁੰਚਾ ਰਹੇ ਨੇ|

ਪੇਸ਼ ਏ ਇੱਕ ਰਿਪੋਰਟ:

ਨਵੇਂ GST ਸੁਧਾਰ, ਪੰਜਾਬ ਦੇ ਕਿਸਾਨਾਂ, ਖਪਤਕਾਰਾਂ, ਕਾਰੀਗਰਾਂ ਅਤੇ ਛੋਟੇ ਕਾਰੋਬਾਰਾਂ ਲਈ ਲਾਭਕਾਰੀ ਸਿੱਧ ਹੋ ਰਹੇ ਨੇ। ਗੁਰਦਾਸਪੁਰ ਤੋਂ ਇੱਕ ਖਪਤਕਾਰ ਪ੍ਰਵੀਨ ਕੁਮਾਰ ਨੇ ਕੇਂਦਰ ਸਰਕਾਰ ਵੱਲੋਂ ਇਲੈਕਟ੍ਰਾਨਿਕ ਵਸਤਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਦੀ ਸ਼ਲਾਘਾ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਧੰਨਵਾਦ ਕੀਤਾ।

Byte:

ਪਟਿਆਲਾ ਤੋਂ ਭਗਵਾਨ ਦਾਸ ਗੁਪਤਾ ਨੇ ਵੱਖ-ਵੱਖ ਖੇਤਰਾਂ ਵਿੱਚ ਕੀਤੀਆਂ ਗਈਆਂ ਕਟੌਤੀਆਂ ਦੀ ਸ਼ਲਾਘਾ ਕਰਦਿਆਂ, ਇਸ ਨੂੰ ਇੱਕ ਇਤਿਹਾਸਿਕ ਫੈਸਲਾ ਦੱਸਿਆ।

Byte

ਨਵੇਂ GST ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ, ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ।

ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੰਜਾਬ ਸਰਕਾਰ ਦੀ ਮੁਹਿੰਮ ਹਰ ਪਿੰਡ ਖੇਡ ਮੈਦਾਨ ਤਹਿਤ, ਅੱਜ ਹਲਕੇ ਦੇ ਪਿੰਡ ਹਰੀ ਨੌਂ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਮੈਦਾਨ ਦਾ ਨੀਂਹ ਪੱਥਰ ਰੱਖਿਆ । ਇਸ ਮੌਕੇ ਸਪੀਕਰ ਸੰਧਵਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡ ਪੱਧਰ ‘ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਆਧੁਨਿਕ ਸਹੂਲਤਾਂ ਵਾਲੇ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਨੇ. ਉਨ੍ਹਾਂ ਦੱਸਿਆ ਕਿ ਇਹ ਖੇਡ ਮੈਦਾਨ ਅਗਲੇ ਦੋ ਮਹੀਨਿਆਂ ਵਿੱਚ ਪੂਰਾ ਬਣ ਕੇ ਤਿਆਰ ਹੋ ਜਾਵੇਗਾ.ਸਪੀਕਰ ਨੇ ਕਿਹਾ ਕਿ

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਰਾਹੀਂ ਸਿਹਤਮੰਦ ਜੀਵਨ ਜਾਚ ਵੱਲ ਪ੍ਰੇਰਿਤ ਕਰਨਾ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਏ।

---------------------------------------------------------------

ਜਨਰਲ ਆਫ਼ੀਸਰ ਕਮਾਂਡੈਂਟ, ਮਿਲਟਰੀ ਸਟੇਸ਼ਨ, ਬਠਿੰਡਾ ਵੱਲੋਂ 27 ਤੋਂ 31 ਅਕਤੂਬਰ 2025 ਤੱਕ ਕਾਊਂਟਰ-ਅਨਮੇਨਡ ਏਰੀਅਲ ਸਿਸਟਮ (C-UAS) ਅਤੇ ਕਾਊਂਟਰ-ਡਰੋਨ (C-Drone) ਵੇਲੀਡੇਸ਼ਨ ਐਕਸਰਸਾਈਜ਼ ਕਰਵਾਈ ਜਾ ਰਹੀ ਏ, ਜਿਸ ਦੇ ਮੱਦੇਨਜ਼ਰ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਬਠਿੰਡਾ ਨੂੰ 27 ਅਕਤੂਬਰ ਤੋਂ ਲੈ ਕੇ 31 ਅਕਤੂਬਰ ਤੱਕ “ਨੋ ਡਰਾਈ ਫਲਾਈਇੰਗ ਜ਼ੋਨ” ਐਲਾਨਿਆ ਗਿਆ ਏ. ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਹੁਕਮਾਂ ਮੁਤਾਬਿਕ ਸੁਰੱਖਿਆ ਦੇ ਮੱਦੇਨਜ਼ਰ ਦੱਸੇ ਗਏ ਸਮੇਂ ਦੌਰਾਨ ਕਿਸੇ ਵੀ ਕਿਸਮ ਦੇ ਡਰੋਨ, ਪੈਰਾਗਲਾਈਡਰ, ਰਿਮੋਟ ਕੰਟਰੋਲਡ ਏਅਰਕ੍ਰਾਫ਼ਟ, ਕੈਮਰਾ ਡਰੋਨ ਜਾਂ ਕਿਸੇ ਹੋਰ ਬਿਨ੍ਹਾ ਪਾਇਲਟ ਵਾਲੇ ਉਡਾਣ ਯੰਤਰ ਦੀ ਉਡਾਣ ਪੂਰੇ ਬਠਿੰਡਾ ਸ਼ਹਿਰ ਅਤੇ ਇਸ ਨਾਲ ਲਗਦੇ ਫੌਜੀ ਇਲਾਕਿਆਂ ਵਿੱਚ ਪਾਬੰਦੀਸ਼ੁਦਾ ਰਹੇਗੀ।

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ, ਦਸਮੇਸ਼ ਗਰਲਜ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਬਾਦਲ ਵਿਖੇ  ਸੱਤ ਰੋਜ਼ਾ NSS ਕੈਂਪ ਦਾ ਉਦਾਘਟਨ ਕੀਤਾ. ਉਨ੍ਹਾਂ ਦੱਸਿਆ ਕਿ ਇਸ ਕੈਂਪ ਦੌਰਾਨ ਕੁੜੀਆਂ ਨੂੰ ਪਹਿਲੀ ਨਵੰਬਰ ਤੱਕ NSS ਬਾਰੇ ਜਾਣਕਾਰੀ ਮੁਹੱਈਆ ਕਰਵਾਈ ਜਾਵੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੁੜੀਆਂ ਨੂੰ ਹਰ ਤਰ੍ਹਾਂ ਦੀਆਂ ਮੁੱਢਲੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਏ ।

---------------------------------------------------------------

ਜਲੰਧਰ ਵਿੱਚ ਖੇਡੇ ਜਾ ਰਹੇ, 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਪੰਜਵੇਂ ਦਿਨ ਅੱਜ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੁਕਾਬਲਾ Indian ਏਅਰ ਫੋਰਸ ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਦਿੱਲੀ ਨਾਲ ਹੋ ਰਿਹਾ ਏ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੱਸਿਆ ਏ ਕਿ ਛੱਤੀਸਗੜ੍ਹ ਦੇ ਕਾਂਕੇਰ ਜ਼ਿਲ੍ਹੇ ਵਿੱਚ 21 ਨਕਸਲੀਆਂ ਨੇ ਆਪਣੇ ਹਥਿਆਰਾਂ ਸਮੇਤ ਆਤਮ ਸਮਰਪਣ ਕਰ ਦਿੱਤਾ ਏ।

---------------------------------------------------------------

- ਸੁਪਰੀਮ ਕੋਰਟ ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਡਿਜੀਟਲ ਗ੍ਰਿਫ਼ਤਾਰੀ ਮਾਮਲਿਆਂ ਵਿੱਚ ਦਰਜ FIRs ਬਾਰੇ ਵੇਰਵੇ ਮੰਗੇ ਨੇ.

- ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਭਾਰਤੀ ਖੇਤੀਬਾੜੀ ਖੋਜ ਕੌਂਸਲ, ਨੂੰ ਖੇਤੀਬਾੜੀ ਸਿੱਖਿਆ ਵਿੱਚ ਸੁਧਾਰ ਲਈ ਸਾਰੀਆਂ ਖਾਲੀ ਅਸਾਮੀਆਂ ਤੁਰੰਤ ਭਰਨ ਲਈ ਕਿਹਾ।
- ਤਰਨ ਤਾਰਨ ਦੇ ਜ਼ਿਲ੍ਹਾ ਚੋਣ ਅਧਿਕਾਰੀ ਨੇ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ .
- ਫ਼ੌਜ ਅੱਜ ਆਪਣਾ 79ਵਾਂ INFANTRY ਦਿਵਸ ਮਨਾ ਰਹੀ ਏ।
- 42ਵੇਂ ਇੰਡੀਅਨ ਆਇਲ ਸਰਵੋ ਸੁਰਜੀਤ ਹਾਕੀ ਟੂਰਨਾਮੈਂਟ ਦੇ ਪੰਜਵੇਂ ਦਿਨ ਅੱਜ ਪੰਜਾਬ ਐਂਡ ਸਿੰਧ ਬੈਂਕ ਦਿੱਲੀ ਦਾ ਮੁਕਾਬਲਾ Indian ਏਅਰ ਫੋਰਸ ਨਾਲ ਅਤੇ ਭਾਰਤੀ ਰੇਲਵੇ ਦਾ ਮੁਕਾਬਲਾ CRPF ਦਿੱਲੀ ਨਾਲ ਹੋ ਰਿਹਾ ਏ।

---

**ਇਸਦੇ ਨਾਲ ਪ੍ਰਾਦੇਸ਼ਿਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**